VIGILANCE BUREAU PUNJAB

**Vigilance nabs ASI for taking bribe**

Chandigarh, December 3: Punjab Vigilance Bureau, today nabbed an Assistant Sub Inspector (ASI) posted at Ghal Khurad Police station, Ferozepur district red handed while accepting bribe of Rs. 3,000/-.

Disclosing this here, an official spokesperson of the Vigilance Bureau said ASI Malkiat Singh was arrested on the complaint of Satnam Singh of village Karmuwala, Ferozepur district. The complainant has approached the VB and alleged that the accused ASI was demanding Rs 5,000 to help him in a police case and the deal was struck at Rs. 3,000.

After verifying his information, the vigilance team laid a trap and the accused ASI was arrested on the spot while taking bribe of Rs.3,000 from the complainant in the presence of two official witnesses.

He informed that a case under Prevention of Corruption Act has been registered against the accused at VB police station Ferozepur and further investigation was under progress.

-----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 3 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਘੱਲ ਖੁਰਦ ਪੁਲਿਸ ਚੌਂਕੀ ਜਿਲਾ ਫਿਰੋਜਪੁਰ ਵਿਖੇ ਤਾਇਨਾਤ ਏ.ਐਸ.ਆਈ. ਮਲਕੀਤ ਸਿੰਘ ਨੂੰ 3000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸਤਨਾਮ ਸਿੰਘ ਵਾਸੀ ਪਿੰਡ ਕਰਮੂਵਾਲਾ, ਜਿਲਾ ਫਿਰੋਜਪੁਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਏ.ਐਸ.ਆਈ ਵਲੋਂ ਚਲ ਰਹੇ ਪੁਲਿਸ ਕੇਸ ਵਿਚ ਰਾਜੀਨਾਮਾ ਕਲਮਬੱਧ ਕਰਨ ਬਦਲੇ 5,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 3,000 ਰੁਪਏ ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 3,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।